ਅਜੀਤ, ਚੰਡੀਗੜ੍ਹ
ਫ਼ਤਹਿਗੜ੍ਹ ਸਾਹਿਬ
ਅਜੀਤ
ਸੋਮਵਾਰ, 9 ਦਸੰਬਰ 2024

ਸ਼੍ਰੋਮਣੀ ਅਕਾਲੀ ਦਲ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਇੰਚਾਰਜ ਜਗਦੀਪ ਸਿੰਘ ਚੀਮਾ, ਜਥੇ. ਅਵਤਾਰ ਸਿੰਘ ਰਿਆ, ਮਨਮੋਹਨ ਸਿੰਘ ਮਕਾਰੋਂਪੁਰ ਤੇ ਹੋਰ ਧਾਰਮਿਕ ਸੇਵਾਵਾਂ ਵਿਚ ਸਹਿਯੋਗ ਕਰਨ ਬਦਲੇ ਪੁਲਿਸ ਪ੍ਰਸ਼ਾਸਨ, ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ ਦਾ ਧੰਨਵਾਦ ਕਰਨ ਸਮੇਂ। (ਸੱਜੇ) ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ, ਸਰਬਜੀਤ ਸਿੰਘ ਝਿੰਜਰ ਪ੍ਰਧਾਨ ਯੂਥ ਅਕਾਲੀ ਦਲ, ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਅਗਲੇ ਸੇਵਾ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦੇ ਹੋਏ। ਤਸਵੀਰ: ਕਰਨ

ਸੁਖਬੀਰ ਸਿੰਘ ਬਾਦਲ 9, 10 ਨੂੰ ਸ੍ਰੀ ਦਮਦਮਾ ਸਾਹਿਬ ਸਾਬੋ ਦੀ ਤਲਵੰਡੀ ਵਿਖੇ ਧਾਰਮਿਕ ਸੇਵਾ ਨਿਭਾਉਣਗੇ-ਅਕਾਲੀ ਆਗੂ

ਧਾਰਮਿਕ ਸੇਵਾਵਾਂ ਨਿਭਾਉਣ ਮੌਕੇ ਸਹਿਯੋਗ ਕਰਨ ਬਦਲੇ ਪੁਲਿਸ ਪ੍ਰਸ਼ਾਸਨ, ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ ਦਾ ਅਕਾਲੀ ਆਗੂਆਂ ਨੇ ਕੀਤਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਬਲਜਿੰਦਰ ਸਿੰਘ)- ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਅਕਾਲੀ ਦਲ ਦੀ ਸਰਕਾਰ ਵੇਲੇ ਜਾਣੇ-ਅਣਜਾਣੇ ਵਿਚ ਹੋਈਆਂ ਭੁੱਲਾਂ ਬਦਲੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਸਾਬਕਾ ਮੰਤਰੀਆਂ ਅਤੇ ਹੋਰਨਾਂ ਅਕਾਲੀ ਆਗੂਆਂ ਨੂੰ ਪੰਥਕ ਰਵਾਇਤਾਂ ਅਨੁਸਾਰ ਲਗਾਈ ਗਈ ਤਨਖ਼ਾਹ ਤਹਿਤ ਅੱਜ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸ. ਬਾਦਲ ਸਮੇਤ ਹੋਰਨਾਂ ਆਗੂਆਂ ਨੇ ਵੱਖ-ਵੱਖ ਸੇਵਾਵਾਂ ਨਿਭਾਈਆਂ। ਇਸ ਮੌਕੇ 'ਤੇ ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ, ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਇੰਚਾਰਜ ਹਲਕਾ ਫ਼ਤਹਿਗੜ੍ਹ ਸਾਹਿਬ ਜਥੇਦਾਰ ਜਗਦੀਪ ਸਿੰਘ ਚੀਮਾ, ਦਰਬਾਰਾ ਸਿੰਘ ਗੁਰੂ ਇੰਚਾਰਜ ਹਲਕਾ ਬਸੀ ਪਠਾਨਾਂ, ਗੁਰਪ੍ਰੀਤ ਸਿੰਘ ਰਾਜੂ ਖੰਨਾ ਹਲਕਾ ਇੰਚਾਰਜ ਅਮਲੋਹ, ਭਾਈ ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਭਾਈ ਰਵਿੰਦਰ ਸਿੰਘ ਖ਼ਾਲਸਾ ਮੈਂਬਰ ਐਤ੍ਰਿੰਗ ਕਮੇਟੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਤਨਖ਼ਾਹ ਦੇ ਰੂਪ 'ਚ ਲਗਾਈ ਧਾਰਮਿਕ ਸੇਵਾ ਨੂੰ ਸੁਖਬੀਰ ਸਿੰਘ ਬਾਦਲ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 2 ਦਿਨ ਨਿਮਾਣੇ ਸਿੱਖ ਵਜੋਂ ਨਿਭਾਇਆ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਕੁਝ ਲੋਕਾਂ ਵਲੋਂ ਸੇਵਾ ਪ੍ਰਤੀ ਸੋਸ਼ਲ ਮੀਡੀਆ 'ਤੇ ਬੇਤੁਕੀਆਂ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ, ਪਰ ਗੁਰੂ ਸਾਹਿਬ ਅਕਾਲੀ ਦਲ ਦੀ ਲੀਡਰਸ਼ਿਪ ਤੋਂ ਪਿੱਛੇ ਹੋਈਆਂ ਭੁੱਲਾਂ ਨੂੰ ਜ਼ਰੂਰ ਬਖ਼ਸ਼ਣਗੇ। ਉਨ੍ਹਾਂ ਦੱਸਿਆ ਕਿ ਸ. ਬਾਦਲ ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਤਨਖ਼ਾਹ ਦੇ ਚੌਥੇ ਪੜਾਅ ਵਿਚ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਸਾਬੋ ਦੀ ਤਲਵੰਡੀ ਵਿਖੇ 9 ਤੋਂ 10 ਦਸੰਬਰ, ਉਸ ਤੋਂ ਬਾਅਦ ਗੁਰਦੁਆਰਾ ਸ੍ਰੀ ਮੁਕਤਸਰ ਸਾਹਿਬ ਵਿਖੇ 2 ਦਿਨ ਸੇਵਾਵਾਂ ਨਿਭਾਉਣ ਮਗਰੋਂ 13 ਦਸੰਬਰ ਨੂੰ ਮੁੜ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਤਮਸਤਕ ਹੋਣਗੇ। ਅਕਾਲੀ ਆਗੂਆਂ ਨੇ ਇਨ੍ਹਾਂ ਸੇਵਾਵਾਂ ਵਿਚ ਸਹਿਯੋਗ ਕਰਨ ਬਦਲੇ ਪੁਲਿਸ ਪ੍ਰਸ਼ਾਸਨ, ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੇ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਮਨਮੋਹਨ ਸਿੰਘ ਮਕਾਰੋਂਪੁਰ, ਜ਼ਿਲ੍ਹਾ ਦਿਹਾਤੀ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ, ਅਵਤਾਰ ਸਿੰਘ ਰਿਆ, ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਸੁਖਜੀਤ ਸਿੰਘ ਬਘੌਰਾ, ਇੰਦਰਜੀਤ ਸਿੰਘ ਸੰਧੂ, ਫੋਰਮੈਨ ਬਲਵੀਰ ਸਿੰਘ ਸਿੱਧੂ, ਜਸਮੇਰ ਸਿੰਘ ਬਡਲਾ, ਰਾਜੀਵ ਅਹੂਜਾ ਉਪ ਪ੍ਰਧਾਨ ਨਗਰ ਪੰਚਾਇਤ ਖਮਾਣੋਂ, ਪ੍ਰਦੀਪ ਸਿੰਘ ਪੱਪੂ ਰਾਣਵਾਂ, ਹਰਭਜਨ ਸਿੰਘ ਚਨਾਰਥਲ, ਬਲਜੀਤ ਸਿੰਘ ਭੁੱਟਾ ਸਾਬਕਾ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ, ਮੱਖਣ ਸਿੰਘ ਲਾਲਕਾ, ਕਰਮਜੀਤ ਸਿੰਘ ਭਗੜਾਣਾ, ਗੁਰਮੀਤ ਸਿੰਘ ਸੋਨੂੰ ਚੀਮਾ, ਦਿਲਬਾਗ ਸਿੰਘ ਬਾਘਾ, ਬਰਿੰਦਰ ਸਿੰਘ ਸੋਢੀ, ਜਤਿੰਦਰ ਸਿੰਘ ਬੱਬੂ, ਜਸਪ੍ਰੀਤ ਸਿੰਘ ਝੰਬਾਲੀ, ਹਰਦੇਵ ਸਿੰਘ ਬਾਲਪੁਰ, ਜਸਵੰਤ ਸਿੰਘ ਮੰਡੋਫਲ, ਨਵਜੋਤ ਸਿੰਘ, ਜ਼ੈਲਦਾਰ ਸੁਖਵਿੰਦਰ ਸਿੰਘ ਘਮੰਡਗੜ੍ਹ, ਕੁਲਦੀਪ ਸਿੰਘ ਪੋਲਾ, ਕੰਵਰ ਹਰਪ੍ਰੀਤ ਸਿੰਘ, ਕਾਕਾ ਜੀ ਬੈ, ਦਵਿੰਦਰ ਸਿੰਘ ਬਹਿਲੋਲਪੁਰ, ਨਰਿੰਦਰ ਸਿੰਘ ਰਸੀਦਪੁਰ, ਰਵੀ ਚਨਾਰਥਲ, ਰਵਿੰਦਰ ਸਿੰਘ ਰੂਬੀ, ਹਰਿੰਦਰ ਸਿੰਘ ਕੁੱਕੀ, ਬਲਵਿੰਦਰ ਸਿੰਘ ਬਰਕਤਪੁਰ, ਗੁਰਮੇਲ ਸਿੰਘ ਭਗੜਾਣਾ, ਚਰਨਪਾਲ ਸਿੰਘ, ਅਤਰ ਸਿੰਘ ਬੀੜ ਭਮਾਰਸੀ, ਗੁਰਮੁਖ ਸਿੰਘ ਚਨਾਰਥਲ, ਹਰਵਿੰਦਰ ਸਿੰਘ ਬੱਬਲ, ਨਿਰਮਲ ਕੁਮਾਰ ਨਿੰਮਾ, ਤਜਿੰਦਰ ਸਿੰਘ ਕਾਲੀ, ਪੰਕਜ ਸ਼ਰਮਾ, ਜੰਗ ਸਿੰਘ, ਮੁਨੀਸ਼, ਮਨਪ੍ਰੀਤ ਸਿੰਘ, ਸੁਰਿੰਦਰ ਸਿੰਘ ਸੁਹਾਗਹੇੜੀ, ਸੁਖਦੇਵ ਸਿੰਘ, ਅਵਤਾਰ ਸਿੰਘ ਹੱਲੋਤਾਲੀ, ਬਿੱਟੂ ਜੱਲ੍ਹਾ, ਰਵੀ ਜੱਲ੍ਹਾ, ਗੁਰਜੀਤ ਸਿੰਘ ਸਾਨੀਪੁਰ, ਜਗਪ੍ਰੀਤ ਸਿੰਘ ਖਰੌੜਾ, ਗੁਰਬਿੰਦਰ ਸਿੰਘ ਝਾਂਮਪੁਰ, ਸਵਰਨ ਸਿੰਘ ਗੋਪਾਲੋਂ, ਗੁਰਪ੍ਰੀਤ ਸਿੰਘ ਰਾਮਪੁਰ, ਜਸਵੰਤ ਸਿੰਘ ਨੰਬਰਦਾਰ, ਮਨਦੀਪ ਸਿੰਘ, ਅਵਤਾਰ ਸਿੰਘ ਮੁੱਲਾਂਪੁਰ, ਰਣਜੀਤ ਸਿੰਘ ਰਿਉਣਾ, ਦੀਦਾਰ ਸਿੰਘ, ਤਰਨਜੀਤ ਸਿੰਘ ਤਰਨੀ, ਸੁਖਵਿੰਦਰ ਸਿੰਘ, ਜਗਦੀਸ਼ ਸਿੰਘ, ਦਵਿੰਦਰ ਸਿੰਘ ਨੰਗਾਵਾਂ, ਸੰਦੀਪ ਸਿੰਘ ਹੁਸੈਨਪੁਰ, ਮਾ. ਸਤਵੰਤ ਸਿੰਘ, ਗੁਰਮੀਤ ਸਿੰਘ ਸਾਗੀ, ਗੁਰਦੀਪ ਸਿੰਘ ਡੰਘੇੜੀਆਂ, ਲਖਵਿੰਦਰ ਸਿੰਘ ਕੋਟਲਾ ਬਜਵਾੜਾ, ਰਣਧੀਰ ਸਿੰਘ ਧਾਲੀਵਾਲ, ਨਵਦੀਪ ਸਿੰਘ ਪੰਜੋਲਾ, ਹਰਪ੍ਰੀਤ ਸਿੰਘ ਰਿੱਚੀ, ਪਰਮਜੀਤ ਸਿੰਘ ਮਹਾਦੀਆਂ, ਅਮਰੀਕ ਸਿੰਘ ਪੰਡੋਰੀ, ਸੁਖਵੀਰ ਕੌਰ ਸੁਹਾਵੀ, ਦਰਸ਼ਨ ਸਿੰਘ ਚਨਾਰਥਲ, ਹਰਦੇਵ ਸਿੰਘ ਬਾਲਪੁਰ, ਸੁਖਦੀਪ ਸਿੰਘ, ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਜਖਵਾਲੀ, ਧਰਮਿੰਦਰ ਸਿੰਘ ਬਾਲਪੁਰ, ਜਗਤਾਰ ਸਿੰਘ ਬਧੌਛੀ ਖ਼ੁਰਦ, ਹਰਮੀਤ ਸਿੰਘ ਖ਼ਾਲਸਾ, ਅਮਰਦੀਪ ਸਿੰਘ ਪ੍ਰਿੰਸ, ਡਾ. ਮਨਜੀਤ ਸਿੰਘ ਲੁਹਾਰ ਮਾਜਰਾ, ਮੁਕੰਦ ਸਿੰਘ, ਮਨਪ੍ਰੀਤ ਸਿੰਘ, ਹਰਨੇਕ ਸਿੰਘ ਬਡਾਲੀ, ਅਬਜਿੰਦਰ ਸਿੰਘ ਜੋਗੀ, ਦਵਿੰਦਰ ਸਿੰਘ ਮਾਜਰੀ, ਜਗਤਾਰ ਸਿੰਘ ਦਮਹੇੜੀ, ਮਨਦੀਪ ਸਿੰਘ ਢੋਲੇਵਾਲ, ਮਨਜੀਤ ਸਿੰਘ ਸਲਾਣਾ, ਕੇਸਰ ਸਿੰਘ, ਮਾ. ਅਜੀਤ ਸਿੰਘ, ਬਲਵਿੰਦਰ ਸਿੰਘ, ਸੁਖਬੀਰ ਸਿੰਘ ਲਟੋਰ, ਸਤਨਾਮ ਸਿੰਘ ਰਾਏਪੁਰ, ਮਨਿੰਦਰਪਾਲ ਸਿੰਘ ਮੈੜਾਂ, ਕਰਮਜੀਤ ਸਿੰਘ ਕਲੇਰਾਂ, ਗੁਰਜਿੰਦਰ ਸਿੰਘ ਗੁਰੀ ਨਲੀਨਾ, ਹਰਨੇਕ ਸਿੰਘ, ਜਤਿੰਦਰ ਸਿੰਘ ਜੌਲੀ, ਨਰਦੀਪ ਸਿੰਘ ਬਲੀਆ, ਕੁਲਦੀਪ ਸਿੰਘ ਮੁੱਢੜੀਆਂ, ਹਰਬੰਸ ਸਿੰਘ ਬਡਾਲੀ, ਕੁਲਦੀਪ ਸਿੰਘ ਮਛਰਾਈ, ਕੰਵਲਜੀਤ ਸਿੰਘ ਗਿੱਲ, ਸ਼ਰਧਾ ਸਿੰਘ ਛੰਨਾ, ਕਰਮਜੀਤ ਸਿੰਘ ਭਗੜਾਣਾ, ਹਰਿੰਦਰ ਸਿੰਘ ਦੀਵਾ, ਕਰਮ ਸਿੰਘ ਘੁਟੀਂਡ, ਜਰਨੈਲ ਸਿੰਘ ਮਾਜਰੀ, ਜਤਿੰਦਰ ਸਿੰਘ ਧਾਲੀਵਾਲ, ਭਿੰਦਰ ਸਿੰਘ, ਗੁਰਪ੍ਰੀਤ ਸਿੰਘ ਨੋਨੀ, ਗੁਰਦੀਪ ਸਿੰਘ ਮੰਡੋਫਲ, ਸੁਖਵਿੰਦਰ ਸਿੰਘ ਕਾਲਾ ਅਰੋੜਾ, ਗੁਰਕੀਰਤ ਸਿੰਘ ਪਨਾਗ, ਪਰਮਿੰਦਰ ਸਿੰਘ ਨੀਟਾ ਸੰਧੂ, ਕੈਪਟਨ ਜਸਵੰਤ ਸਿੰਘ ਬਾਜਵਾ, ਹਰਵਿੰਦਰ ਸਿੰਘ ਬਿਦਾ ਮਾਜਰੀ, ਗੁਰਿੰਦਰ ਸਿੰਘ ਸੋਨੀ ਜਲਾਲਪੁਰ, ਭਗਵਾਨ ਸਿੰਘ ਹੈਪੀ, ਜਗਤਾਰ ਸਿੰਘ, ਪਾਲ ਸਿੰਘ ਖੁੰਮਣਾ, ਜਸ਼ਨਦੀਪ ਸਿੰਘ ਸ਼ਾਹਪੁਰ, ਹਰਮਿੰਦਰ ਸਿੰਘ ਕੁੰਭੜਾ, ਇੰਦਰਜੀਤ ਸਿੰਘ ਚਤੁਰਪੁਰਾ, ਅੰਗਰੇਜ਼ ਸਿੰਘ ਲਾਡਪੁਰ, ਜਸਪਾਲ ਸਿੰਘ ਢਿੱਲੋਂ, ਭਿੰਦਰ ਸਿੰਘ ਸਾਬਕਾ ਸਰਪੰਚ, ਹਰਬੰਸ ਸਿੰਘ ਕਾਲੂ, ਸ਼ਿਗਾਰਾ ਸਿੰਘ ਮਾਲੋਵਾਲ, ਬੇਅੰਤ ਸਿੰਘ ਬੈਣਾ, ਗੁਰਮੀਤ ਸਿੰਘ ਭੱਟੋ, ਗੋਰਾ ਸਿੰਘ ਅਜਨਾਲੀ, ਸਿਕੰਦਰ ਸਿੰਘ ਮੋਤੀ, ਕੁਲਵਿੰਦਰ ਸਿੰਘ ਸਲਾਣੀ, ਰਾਜੂ ਖਾਂ ਸਲਾਣਾ, ਨਰਿੰਦਰ ਸਿੰਘ ਪਨਾਗ, ਜਰਨੈਲ ਸਿੰਘ ਸਲਾਣਾ, ਬਲਵੀਰ ਸਿੰਘ ਜੱਲੋਵਾਲ, ਹਰਚੰਦ ਸਿੰਘ ਕਪੂਰਗੜ੍ਹ, ਰਾਜਿੰਦਰ ਕੁਮਾਰ ਟੀਟੂ, ਬਲਵੀਰ ਸਿੰਘ, ਬਿੱਟੂ ਰਾਮ, ਹਰਪਾਲ ਸਿੰਘ ਨਸਰਾਲੀ, ਨਿਰਮਲ ਗਿਰ ਤੋਂ ਇਲਾਵਾ ਪਾਰਟੀ ਵਰਕਰ ਵੀ ਹਾਜ਼ਰ ਸਨ।

ਧਾਰਮਿਕ ਸੇਵਾਵਾਂ ਨਿਭਾਉਣ ਮੌਕੇ ਸਹਿਯੋਗ ਕਰਨ ਬਦਲੇ ਪੁਲਿਸ ਪ੍ਰਸ਼ਾਸਨ, ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ ਦਾ ਅਕਾਲੀ ਆਗੂਆਂ ਨੇ ਕੀਤਾ ਧੰਨਵਾਦ

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸੁਖਬੀਰ ਸਿੰਘ ਬਾਦਲ ਹੱਥ 'ਚ ਬਰਛਾ ਫੜ ਕੇ ਬਤੌਰ ਚੌਬਦਾਰ ਦੀ ਧਾਰਮਿਕ ਸੇਵਾ ਨਿਭਾਉਂਦੇ ਹੋਏ, ਨਾਲ ਦਿਖਾਈ ਦਿੰਦੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ। ਤਸਵੀਰ: ਕਰਨ

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਪੰਡਾਲ 'ਚ ਬੈਠ ਕੇ ਕੀਰਤਨ ਸਰਵਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੱਖਣ ਸਿੰਘ ਲਾਲਕਾ, ਜਗਦੀਪ ਸਿੰਘ ਚੀਮਾ, ਮਨਮੋਹਨ ਸਿੰਘ ਮਕਾਰੋਂਪੁਰ, ਬਲਜੀਤ ਸਿੰਘ ਭੁੱਟਾ ਤੇ ਹੋਰ। ਤਸਵੀਰ: ਕਰਨ

ਸੰਗਤ ਵਿਚ ਬੈਠ ਕੇ ਕੀਰਤਨ ਸਰਵਣ ਕਰਦੇ ਹੋਏ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ, ਭਾਈ ਰਵਿੰਦਰ ਸਿੰਘ ਖ਼ਾਲਸਾ ਤੇ ਹੋਰ। ਤਸਵੀਰਾਂ: ਕਰਨ

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਪੰਡਾਲ 'ਚ ਬੈਠ ਕੇ ਕੀਰਤਨ ਸਰਵਣ ਕਰਦੇ ਹੋਏ ਬਲਵਿੰਦਰ ਸਿੰਘ ਭੂੰਦੜ, ਡਾ. ਦਲਜੀਤ ਸਿੰਘ ਚੀਮਾ, ਗੁਲਜ਼ਾਰ ਸਿੰਘ ਰਣੀਕੇ, ਹੀਰਾ ਸਿੰਘ ਗਾਬੜੀਆ, ਸੁੱਚਾ ਸਿੰਘ ਲੰਗਾਹ। ਤਸਵੀਰ: ਕਰਨ

ਮੋਟਰਸਾਈਕਲ ਸਵਾਰ ਨਕਦੀ ਤੇ ਸਾਮਾਨ ਖੋਹ ਕੇ ਹੋਏ ਫ਼ਰਾਰ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਰਵਿੰਦਰ ਮੌਦਗਿਲ)-ਫ਼ਤਹਿਗੜ੍ਹ ਸਾਹਿਬ ਪੁਲਿਸ ਥਾਣੇ ਅਧੀਨ ਆਉਂਦੇ ਪਿੰਡ ਫ਼ਿਰੋਜ਼ਪੁਰ ਨੇੜੇ ਮੋਟਰਸਾਈਕਲ ਸਵਾਰਾਂ ਵਲੋਂ ਲੁੱਟ ਖੋਹ ਦੀ ਵਾਰਦਾਤ ਅੰਜਾਮ ਦਿੱਤੇ ਜਾਣ ਦੀ ਸੂਚਨਾ ਹੈ। ਇਸ ਮਾਮਲੇ ਵਿਚ ਪੁਲਿਸ ਵਲੋਂ ਭਾਰਤੀ ਨਿਆਂ ਸੰਹਿਤਾ ਦੀ ਧਾਰਾ 304 ਤਹਿਤ ਮੁਕੱਦਮਾ ਦਰਜਾ ਕਰਕੇ ਅਗਲੀ ਕਾਨੂੰਨੀ ਅਮਲ ਵਿਚ ਲਿਆਂਦੀ ਜਾ ਰਹੀ ਹੈ। ਜਾਣਕਾਰੀ ਮੁਤਾਬਿਕ ਰਜਨੀਸ਼ ਕੁਮਾਰ ਹਾਲ ਵਾਸੀ ਮੋਰਿੰਡਾ, ਜ਼ਿਲ੍ਹਾ ਰੂਪਨਗਰ ਨੇ ਪੁਲਿਸ ਨੂੰ ਦੱਸਿਆ ਕਿ ਉਹ ਕਰਜ਼ੇ ਦੀਆਂ ਕਿਸ਼ਤਾਂ ਇਕੱਠੀਆਂ ਕਰਕੇ ਜਾ ਰਿਹਾ ਸੀ। ਪਿੰਡ ਫ਼ਿਰੋਜ਼ਪੁਰ ਨੇੜੇ ਉਸ ਨੂੰ ਮੋਟਰਸਾਈਕਲ 'ਤੇ ਸਵਾਰ ਦੋ ਨਾਮਾਲੂਮ ਵਿਅਕਤੀਆਂ ਵਲੋਂ ਘੇਰ ਕੇ ਦਬੋਚ ਲਿਆ ਗਿਆ। ਸ਼ਿਕਾਇਤ ਕਰਤਾ ਨੇ ਦੱਸਿਆ ਕਿ ਉਕਤ ਵਿਅਕਤੀ ਉਸ ਤੋਂ ਕਰਜ਼ ਦੀਆਂ ਕਿਸ਼ਤਾਂ ਦੇ ਇਕੱਠੇ ਕੀਤੇ 75 ਹਜ਼ਾਰ ਰੁਪਏ, ਉਸ ਦਾ ਪਰਸ ਤੇ ਮੋਬਾਈਲ ਖੋਹ ਕੇ ਫ਼ਰਾਰ ਹੋ ਗਏ। ਥਾਣਾ ਮੁਖੀ ਇੰਸਪੈਕਟਰ ਮਲਕੀਤ ਸਿੰਘ ਨੇ ਵਾਰਦਾਤ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਪੰਚਾਇਤੀ ਚੋਣਾਂ 'ਚ ਸੂਬੇ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ 'ਚ ਫ਼ਤਵਾ ਦਿੱਤਾ-ਚੇਅਰਮੈਨ ਢਿੱਲੋਂ

ਪਿੰਡ ਬਧੌਛੀ ਦੀ ਪੰਚਾਇਤ ਨੇ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਮਨਪ੍ਰੀਤ ਸਿੰਘ)-ਬਲਾਕ ਸਰਹਿੰਦ ਦੇ ਪਿੰਡ ਬਧੌਛੀ ਦੀ ਨਵੀਂ ਚੁਣੀ ਪੰਚਾਇਤ ਵਲੋਂ ਗੁਰਦੁਆਰਾ ਸਾਹਿਬ ਵਿਖੇ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੰਬੋਧਨ ਕਰਦਿਆਂ ਮਾਰਕੀਟ ਕਮੇਟੀ ਸਰਹਿੰਦ ਫ਼ਤਹਿਗੜ੍ਹ ਸਾਹਿਬ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਬਧੌਛੀ ਕਲਾਂ ਸਾਡੇ ਇਲਾਕੇ ਦੇ ਵੱਡੇ ਪਿੰਡਾਂ 'ਚੋਂ ਇਕ ਹੈ ਅਤੇ ਉਨ੍ਹਾਂ ਪਹਿਲੀ ਵਾਰ ਅਮਨ ਸ਼ਾਂਤੀ ਨਾਲ ਚੋਣ ਪ੍ਰਕਿਰਿਆ ਨੇਪਰੇ ਚਾੜ੍ਹਨ ਲਈ ਨਗਰ ਨਿਵਾਸੀਆਂ ਨੂੰ ਵਧਾਈ ਦਿੱਤੀ। ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਵੋਟਰਾਂ ਵਲੋਂ ਮੁੱਖ ਮੰਤਰੀ ਦੀ ਅਪੀਲ ਤੇ ਗਹਿਰਾਈ ਨਾਲ ਅਮਲ ਕੀਤਾ ਅਤੇ ਲੋਕਤੰਤਰ ਦੇ ਇਸ ਤਿਉਹਾਰ ਨੂੰ ਸ਼ਾਂਤਮਈ ਤਰੀਕੇ ਨਾਲ ਮਨਾਇਆ। ਇਸ ਮੌਕੇ ਸਰਪੰਚ ਤੇਜਿੰਦਰ ਸਿੰਘ, ਬਲਜਿੰਦਰ ਸਿੰਘ, ਦਵਿੰਦਰ ਸਿੰਘ, ਲਵਪ੍ਰੀਤ ਸਿੰਘ, ਕੁਲਵੰਤ ਕੌਰ, ਪ੍ਰਵੀਨ ਕੌਰ, ਗੁਰਵਿੰਦਰ ਸਿੰਘ, ਜੀਤ ਸਿੰਘ, ਮੀਨਾ ਰਾਣੀ ਅਤੇ ਗੁਰਪਾਲ ਸਿੰਘ (ਸਾਰੇ ਪੰਚ) ਵਲੋਂ ਅਰਦਾਸ ਕਰਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦੇ ਹੋਏ, ਸਾਰੇ ਵੋਟਰਾਂ ਦਾ ਧੰਨਵਾਦ ਕੀਤਾ ਤੇ ਭਰੋਸਾ ਦਿਵਾਇਆ ਗਿਆ ਕਿ ਬਿਨਾਂ ਕਿਸੇ ਭੇਦ ਭਾਵ ਤੋਂ ਪਿੰਡ ਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ ਸੀੜਾ, ਬਲਬੀਰ ਸਿੰਘ ਸੋਢੀ ਬਲਾਕ ਪ੍ਰਧਾਨ, ਗੁਰਮੀਤ